ਕਾਨੜਾ ਮਹਲਾ ੪ ॥ ਮਨ ਗੁਰਮਤਿ ਚਾਲ ਚਲਾਵੈਗੋ ॥ ਜਿਉ ਮੈਗਲੁ ਮਸਤੁ ਦੀਜੈ ਤਲਿ ਕੁੰਡੇ ਗੁਰ ਅੰਕਸੁ ਸਬਦੁ ਦ੍ਰਿੜਾਵੈਗੋ ॥੧॥ ਰਹਾਉ ॥ ਚਲਤੌ ਚਲੈ ਚਲੈ ਦਹ ਦਹ ਦਿਸਿ ਗੁਰੁ ਰਾਖੈ ਹਰਿ ਲਿਵ ਲਾਵੈਗੋ ॥ ਸਤਿਗੁਰੁ ਸਬਦੁ ਦੇਇ ਰਿਦ ਅੰਤਰਿ ਮੁਖਿ ਅੰਮ੍ਰਿਤੁ ਨਾਮੁ ਚੁਆਵੈਗੋ ॥੧॥ ਬਿਸੀਅਰ ਬਿਸੂ ਭਰੇ ਹੈ ਪੂਰਨ ਗੁਰੁ ਗਰੁੜ ਸਬਦੁ ਮੁਖਿ ਪਾਵੈਗੋ ॥ ਮਾਇਆ ਭੁਇਅੰਗ ਤਿਸੁ ਨੇੜਿ ਨ ਆਵੈ ਬਿਖੁ ਝਾਰਿ ਝਾਰਿ ਲਿਵ ਲਾਵੈਗੋ ॥੨॥ ਸੁਆਨੁ ਲੋਭੁ ਨਗਰ ਮਹਿ ਸਬਲਾ ਗੁਰੁ ਖਿਨ ਮਹਿ ਮਾਰਿ ਕਢਾਵੈਗੋ ॥ ਸਤੁ ਸੰਤੋਖੁ ਧਰਮੁ ਆਨਿ ਰਾਖੇ ਹਰਿ ਨਗਰੀ ਹਰਿ ਗੁਨ ਗਾਵੈਗੋ ॥੩॥ ਪੰਕਜ ਮੋਹ ਨਿਘਰਤੁ ਹੈ ਪ੍ਰਾਨੀ ਗੁਰੁ ਨਿਘਰਤ ਕਾਢਿ ਕਢਾਵੈਗੋ ॥ ਤ੍ਰਾਹਿ ਤ੍ਰਾਹਿ ਸਰਨਿ ਜਨ ਆਏ ਗੁਰੁ ਹਾਥੀ ਦੇ ਨਿਕਲਾਵੈਗੋ ॥੪॥ {ਪੰਨਾ 1310}

ਪਦ ਅਰਥ:- ਮਨ—ਹੇ ਮਨ! ਗੁਰਮਤਿ—ਗੁਰੂ ਦੀ ਸਿੱਖਿਆ (ਹੀ)। ਚਾਲ—(ਸਹੀ ਜੀਵਨ ਦੀ) ਚਾਲ। ਮੈਗਲੁ—ਹਾਥੀ। ਦੀਜੈ—ਰੱਖਿਆ ਜਾਂਦਾ ਹੈ। ਤਲਿ ਕੁੰਡੇ—ਕੁੰਡੇ ਦੇ ਹੇਠ। ਅੰਕਸੁ—(ਹਾਥੀ ਨੂੰ ਚਲਾਣ ਵਾਸਤੇ ਵਰਤਣ ਵਾਲਾ) ਕੁੰਡਾ। ਦ੍ਰਿੜਾਵੈਗੋ—ਦ੍ਰਿੜਾਵੈ, ਹਿਰਦੇ ਵਿਚ ਪੱਕਾ ਕਰਦਾ ਹੈ।1। ਰਹਾਉ।

ਚਲਤੌ ਚਲੈ ਚਲੈ—ਮੁੜ ਮੁੜ ਭਟਕਦਾ ਹੈ। ਦਹ ਦਿਸਿ—ਦਸੀਂ ਪਾਸੀਂ। ਦਿਸਿ—ਪਾਸਾ। ਰਾਖੈ—ਰੱਖਿਆ ਕਰਦਾ। ਲਿਵ—ਲਗਨ। ਲਾਵੈਗੋ—ਲਾਵੈ, ਲਾਂਦਾ ਹੈ। ਦੇਇ—ਦੇਂਦਾ ਹੈ। ਰਿਦ ਅੰਤਰਿ—ਹਿਰਦੇ ਵਿਚ। ਮੁਖਿ—ਮੂੰਹ ਵਿਚ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ।1।

ਬਿਸੀਅਰ—ਸੱਪ। ਬਿਸੂ—ਜ਼ਹਰ। ਗਰੁੜ—ਗਾਰੁੜ ਮੰਤ੍ਰ! ਭੁਇਅੰਗ—ਸੱਪਣੀ। ਬਿਖੁ—ਜ਼ਹਰ। ਝਾਰਿ—ਝਾੜ ਕੇ।2।

ਸੁਆਨੁ—ਕੁੱਤਾ। ਨਗਰ—ਸਰੀਰ-ਨਗਰ। ਸਬਲਾ—(ਸ-ਬਲ) ਬਲ ਵਾਲਾ। ਮਾਰਿ—ਮਾਰਿ ਕੇ। ਆਨਿ—ਲਿਆ ਕੇ। ਹਰਿ ਨਗਰੀ—ਹਰੀ ਦੀ ਨਗਰੀ ਵਿਚ, ਸਾਧ ਸੰਗਤਿ ਵਿਚ।3।

ਪੰਕਜ—ਚਿੱਕੜ। ਨਿਘਰਤੁ ਹੈ—ਖੁੱਭਦਾ ਜਾਂਦਾ ਹੈ। ਕਾਢਿ—ਕੱਢ ਕੇ। ਕਢਾਵੈਗੋ—ਬੰਨੇ ਲਾ ਦੇਂਦਾ ਹੈ। ਤ੍ਰਾਹਿ ਤ੍ਰਾਹਿ—ਬਚਾ ਲੈ ਬਚਾ ਲੈ। ਹਾਥੀ—ਹੱਥ। ਦੇ—ਦੇ ਕੇ।4।

ਅਰਥ:- ਹੇ ਮਨ (ਤੈਨੂੰ) ਗੁਰੂ ਦੀ ਸਿੱਖਿਆ (ਹੀ ਸਹੀ ਜੀਵਨ ਦੀ) ਚਾਲ ਚਲਾ ਸਕਦੀ ਹੈ। ਹੇ ਭਾਈ! ਗੁਰੂ ਦਾ ਸ਼ਬਦ (ਮਾਨੋ, ਉਹ) ਕੁੰਡਾ ਹੈ (ਜਿਸ ਨਾਲ ਹਾਥੀ ਨੂੰ ਤੋਰੀਦਾ ਹੈ)। ਜਿਵੇਂ ਮਸਤ ਹਾਥੀ ਨੂੰ ਕੁੰਡੇ ਹੇਠ ਰੱਖੀਦਾ ਹੈ (ਤਿਵੇਂ ਗੁਰੂ ਆਪਣਾ) ਸ਼ਬਦ (ਮਨੁੱਖ ਦੇ) ਹਿਰਦੇ ਵਿਚ ਪੱਕਾ ਕਰ ਦੇਂਦਾ ਹੈ।1। ਰਹਾਉ।

ਹੇ ਭਾਈ! (ਮਨੁੱਖ ਦਾ ਮਨ) ਮੁੜ ਮੁੜ ਦਸੀਂ ਪਾਸੀਂ ਭਟਕਦਾ ਫਿਰਦਾ ਹੈ, ਗੁਰੂ (ਇਸ ਨੂੰ) ਭਟਕਣ ਤੋਂ ਬਚਾਂਦਾ ਹੈ (ਇਸਦੇ ਅੰਦਰ) ਪਰਮਾਤਮਾ ਦਾ ਪਿਆਰ ਪੈਦਾ ਕਰਦਾ ਹੈ। ਗੁਰੂ (ਆਪਣਾ) ਸ਼ਬਦ (ਮਨੁੱਖ ਦੇ) ਹਿਰਦੇ ਵਿਚ ਟਿਕਾ ਦੇਂਦਾ ਹੈ, ਅਤੇ ਉਸ ਦੇ ਮੂੰਹ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ ਜਲ ਚੋਂਦਾ ਹੈ।1।

ਹੇ ਭਾਈ! ਸੱਪ ਜ਼ਹਰ ਨਾਲ ਨਕਾ-ਨਕ ਭਰੇ ਹੁੰਦੇ ਹਨ (ਉਹਨਾਂ ਦੇ ਅਸਰ ਤੋਂ ਬਚਾਣ ਲਈ) ਗਾਰੁੜ ਮੰਤਰ ਹੈ (ਇਸੇ ਤਰ੍ਹਾਂ) ਗੁਰੂ (ਆਪਣਾ) ਸ਼ਬਦ (-ਮੰਤ੍ਰ ਜਿਸ ਮਨੁੱਖ ਦੇ) ਮੂੰਹ ਵਿਚ ਪਾ ਦੇਂਦਾ ਹੈ, ਮਾਇਆ ਸਪਣੀ ਉਸ ਦੇ ਨੇੜੇ ਨਹੀਂ ਢੁਕਦੀ। (ਗੁਰੂ ਸ਼ਬਦ-ਮੰਤ੍ਰ ਦੀ ਬਰਕਤਿ ਨਾਲ ਉਸ ਦਾ) ਜ਼ਹਰ ਝਾੜ ਝਾੜ ਕੇ (ਉਸ ਦੇ ਅੰਦਰ) ਪਰਮਾਤਮਾ ਦੀ ਲਗਨ ਪੈਦਾ ਕਰ ਦੇਂਦਾ ਹੈ।2।

ਹੇ ਭਾਈ! ਲੋਭ-ਕੁੱਤਾ (ਮਨੁੱਖ ਦੇ) ਸਰੀਰ-ਨਗਰ ਵਿਚ ਬਲਵਾਨ ਹੋਇਆ ਰਹਿੰਦਾ ਹੈ, ਪਰ ਗੁਰੂ ਇਕ ਛਿਨ ਵਿਚ (ਇਸ ਕੁੱਤੇ ਨੂੰ) ਮਾਰ ਕੇ (ਉਸ ਦੇ ਅੰਦਰੋਂ) ਕੱਢ ਦੇਂਦਾ ਹੈ। (ਗੁਰੂ ਨੇ) ਸਤ ਸੰਤੋਖ ਧਰਮ (ਇਹ ਗੁਣ) ਸਾਧ ਸੰਗਤਿ-

ਨਗਰੀ ਵਿਚ ਲਿਆ ਕੇ ਰੱਖੇ ਹੋਏ ਹਨ (ਲੋਭ-ਕੁੱਤੇ ਤੋਂ ਬਚਣ ਲਈ ਮਨੁੱਖ) ਸਾਧ ਸੰਗਤਿ ਵਿਚ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ।3।

ਹੇ ਭਾਈ! ਮਨੁੱਖ (ਮਾਇਆ ਦੇ) ਮੋਹ ਦੇ ਖੋਭੇ ਵਿਚ ਖੁੱਭਦਾ ਜਾਂਦਾ ਹੈ, ਗੁਰੂ (ਇਸ ਖੋਭੇ ਵਿਚ) ਖੁੱਭ ਰਹੇ ਮਨੁੱਖ ਨੂੰ (ਖੋਭੇ ਵਿਚੋਂ) ਕੱਢ ਕੇ ਬੰਨੇ ਲਾ ਦੇਂਦਾ ਹੈ। 'ਬਚਾ ਲੈ ਬਚਾ ਲੈ'—ਇਹ ਆਖਦੇ (ਜਿਹੜੇ) ਮਨੁੱਖ (ਗੁਰੂ ਦੀ) ਸਰਨ ਆਉਂਦੇ ਹਨ, ਗੁਰੂ ਆਪਣਾ ਹੱਥ ਫੜਾ ਕੇ ਉਹਨਾਂ ਨੂੰ (ਮਾਇਆ ਦੇ ਮੋਹ ਦੇ ਚਿੱਕੜ ਵਿਚੋਂ) ਬਾਹਰ ਕੱਢ ਲੈਂਦਾ ਹੈ।4।

**ਸੁਪਨੰਤਰੁ ਸੰਸਾਰੁ ਸਭੁ ਬਾਜੀ ਸਭੁ ਬਾਜੀ ਖੇਲੁ ਖਿਲਾਵੈਗੋ ॥ ਲਾਹਾ ਨਾਮੁ ਗੁਰਮਤਿ ਲੈ ਚਾਲਹੁ ਹਰਿ ਦਰਗਹ ਪੈਧਾ ਜਾਵੈਗੋ ॥੫॥ ਹਉਮੈ ਕਰੈ ਕਰਾਵੈ ਹਉਮੈ ਪਾਪ ਕੋਇਲੇ ਆਨਿ ਜਮਾਵੈਗੋ ॥ ਆਇਆ ਕਾਲੁ ਦੁਖਦਾਈ ਹੋਏ ਜੋ ਬੀਜੇ ਸੋ ਖਵਲਾਵੈਗੋ ॥੬॥ ਸੰਤਹੁ ਰਾਮ ਨਾਮੁ ਧਨੁ ਸੰਚਹੁ ਲੈ ਖਰਚੁ ਚਲੇ ਪਤਿ ਪਾਵੈਗੋ ॥ ਖਾਇ ਖਰਚਿ ਦੇਵਹਿ ਬਹੁਤੇਰਾ ਹਰਿ ਦੇਦੇ ਤੋਟਿ ਨ ਆਵੈਗੋ ॥੭॥ ਰਾਮ ਨਾਮ ਧਨੁ ਹੈ ਰਿਦ ਅੰਤਰਿ ਧਨੁ ਗੁਰ ਸਰਣਾਈ ਪਾਵੈਗੋ ॥ ਨਾਨਕ ਦਇ ਆ ਦਇਆ ਕਰਿ ਦੀਨੀ ਦੁਖੁ ਦਾਲਦੁ ਭੰਜਿ ਸਮਾਵੈਗੋ ॥੮॥੫॥** {ਪੰਨਾ 1311}

ਪਦ ਅਰਥ:- ਸੁਪਨੰਤਰੁ—(ਸੁਪਨ-ਅੰਤਰ। ਨੋਟ—ਲਫ਼ਜ਼ 'ਅੰਤਰ' ਅਤੇ 'ਅੰਤਰਿ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ (ਵੇਖੋ ਬੰਦ ਨੰ: 8 ਵਿਚ 'ਰਿਦ ਅੰਤਰਿ') ਅੰਦਰਲਾ ਸੁਪਨਾ, ਮਨ ਦਾ ਸੁਪਨਾ, ਮਨ ਦੀ ਭਟਕਣ। ਸਭੁ—ਸਾਰਾ (ਸੰਸਾਰ)। ਖਿਲਾਵੈਗੋ—ਖਿਲਾਵੈ, (ਪਰਮਾਤਮਾ ਆਪ) ਖਿਡਾ ਰਿਹਾ ਹੈ। ਲਾਹਾ—ਲਾਭ, ਖੱਟੀ। ਲੈ—ਲੈ ਕੇ। ਚਾਲਹੁ—(ਜਗਤ ਤੋਂ) ਤੁਰੋ। ਪੈਧਾ—ਸਰੋਪਾ ਹਾਸਲ ਕਰ ਕੇ, ਇੱਜ਼ਤ ਨਾਲ। ਜਾਵੈਗੋ—ਜਾਵੈ, ਜਾਂਦਾ ਹੈ।5।

ਕਰੈ ਕਰਾਵੈ—ਕਰਦਾ ਕਰਾਂਦਾ, ਹਰ ਵੇਲੇ ਕਰਦਾ। ਆਨਿ—ਲਿਆ ਕੇ। ਜਮਾਵੈਗੋ—ਜਮਾਵੈ, ਜਮਾਂਦਾ ਹੈ, ਬੀਜਦਾ ਹੈ। ਕਾਲੁ—ਮੌਤ। ਜੋ—ਜਿਹੜੇ। ਕੋਇਲੇ—ਪਾਪ। ਬੀਜੇ—ਬੀਜੇ ਹੁੰਦੇ ਹਨ। ਖਵਲਾਵੈਗੋ—ਫਲ ਭੁਗਤਾਂਦਾ ਹੈ।6।

ਸੰਤਹੁ—ਹੇ ਸੰਤ ਜਨੋ! ਸੰਚਹੁ ਇਕੱਠਾ ਕਰੋ। ਲੈ—ਲੈ ਕੇ। ਚਲੇ—ਤੁਰਦੇ ਹਨ। ਪਤਿ—ਇੱਜ਼ਤ। ਪਾਵੈਗੋ—ਪੱਲੇ ਪਾਂਦਾ ਹੈ, ਦੇਂਦਾ ਹੈ। ਖਾਇ—(ਆਪ) ਖਾ ਕੇ। ਖਰਚਿ—ਖ਼ਰਚ ਕੇ, (ਹੋਰਨਾਂ ਨੂੰ) ਵੰਡ ਕੇ। ਦੇਵਹਿ—(ਸੰਤ ਜਨ) ਦੇਂਦੇ ਹਨ। ਦੇਦੇ—ਦੇਂਦਿਆਂ। ਤੋਟਿ—ਕਮੀ, ਘਾਟ।7।

ਰਿਦ ਅੰਤਰਿ—ਹਿਰਦੇ ਵਿਚ। ਦੀਨੀ—(ਨਾਮ-ਧਨ ਦੀ ਦਾਤਿ) ਦਿੱਤੀ। ਕਰਿ—ਕਰ ਕੇ। ਦਾਲਦੁ—ਗਰੀਬੀ। ਭੰਜਿ—ਤੋੜ ਕੇ, ਨਾਸ ਕਰ ਕੇ, ਮੁਕਾ ਕੇ।8।

ਅਰਥ:- ਹੇ ਭਾਈ! ਇਹ ਸੰਸਾਰ (ਮਨੁੱਖ ਦੇ) ਮਨ ਦੀ ਭਟਕਣਾ (ਦਾ ਮੂਲ) ਹੈ, (ਜੀਵਾਂ ਨੂੰ ਪਰਚਾਣ ਲਈ) ਸਾਰਾ ਜਗਤ (ਇਕ) ਖੇਡ (ਜਿਹੀ ਹੀ) ਹੈ। ਇਹ ਖੇਡ (ਜੀਵਾਂ ਨੂੰ ਪਰਮਾਤਮਾ ਆਪ) ਖਿਡਾ ਰਿਹਾ ਹੈ। (ਇਸ ਖੇਡ ਵਿਚ ਪਰਮਾਤਮਾ ਦਾ) ਨਾਮ (ਹੀ) ਲਾਭ ਹੈ। ਹੇ ਭਾਈ! ਗੁਰੂ ਦੀ ਮਤਿ ਦੀ ਰਾਹੀਂ ਇਹ ਲਾਭ ਖੱਟ ਕੇ ਜਾਵੋ। (ਜਿਹੜਾ ਮਨੁੱਖ ਇਹ ਲਾਭ ਖੱਟ ਕੇ ਇਥੋਂ ਜਾਂਦਾ ਹੈ, ਉਹ) ਪਰਮਾਤਮਾ ਦੀ ਹਜ਼ੂਰੀ ਵਿਚ ਇੱਜ਼ਤ ਨਾਲ ਜਾਂਦਾ ਹੈ।5।

ਹੇ ਭਾਈ! ਜਿਹੜਾ ਮਨੁੱਖ ਸਾਰੀ ਉਮਰ 'ਹਉਂ, ਹਉਂ' ਹੀ ਕਰਦਾ ਰਹਿੰਦਾ ਹੈ, ਉਹ ਮਨੁੱਖ (ਆਪਣੀ ਮਾਨਸਿਕ ਖੇਤੀ ਵਿਚ) ਪਾਪ ਕੋਲੇ ਲਿਆ ਕੇ ਬੀਜਦਾ ਰਹਿੰਦਾ ਹੈ। ਜਦੋਂ ਮੌਤ ਆਉਂਦੀ ਹੈ; (ਉਹ ਬੀਜੇ ਹੋਏ ਕਮਾਏ ਹੋਏ ਪਾਪ) ਦੁਖਦਾਈ ਬਣ ਜਾਂਦੇ ਹਨ (ਪਰ ਉਸ ਵੇਲੇ ਕੀਹ ਹੋ ਸਕਦਾ ਹੈ?) ਜਿਹੜੇ ਕੋਲੇ-ਪਾਪ ਬੀਜੇ ਹੋਏ ਹੁੰਦੇ ਹਨ (ਸਾਰੀ ਉਮਰ ਕੀਤੇ ਹੁੰਦੇ ਹਨ) ਉਹਨਾਂ ਦਾ ਫਲ ਖਾਣਾ ਪੈਂਦਾ ਹੈ।6।

ਹੇ ਸੰਤ ਜਨੋ! ਪਰਮਾਤਮਾ ਦਾ ਨਾਮ-ਧਨ ਇਕੱਠਾ ਕਰਦੇ ਰਹੋ, (ਜਿਹੜੇ ਮਨੁੱਖ ਜੀਵਨ-ਸਫ਼ਰ ਵਿਚ ਵਰਤਣ ਲਈ

ਨਾਮ-) ਖ਼ਰਚ ਲੈ ਕੇ ਤੁਰਦੇ ਹਨ, (ਪਰਮਾਤਮਾ ਉਹਨਾਂ ਨੂੰ) ਇੱਜ਼ਤ-ਮਾਣ ਦੇਂਦਾ ਹੈ। ਉਹ ਮਨੁੱਖ (ਇਹ ਨਾਮ-ਧਨ ਆਪ) ਖੁਲ੍ਹਾ ਵਰਤ ਕੇ (ਹੋਰਨਾਂ ਨੂੰ ਭੀ) ਬਹੁਤ ਵੰਡਦੇ ਹਨ, ਇਸ ਹਰਿ-ਨਾਮ ਧਨ ਦੇ ਵੰਡਦਿਆਂ ਇਸ ਵਿਚ ਕਮੀ ਨਹੀਂ ਹੁੰਦੀ।7।

ਹੇ ਨਾਨਕ! (ਆਖ—ਹੇ ਭਾਈ!) ਇਹ ਨਾਮ-ਧਨ ਗੁਰੂ ਦੀ ਸਰਨ ਪਿਆਂ ਮਿਲਦਾ ਹੈ, ਜਿਸ ਮਨੁੱਖ ਦੇ ਹਿਰਦੇ ਵਿਚ ਇਹ ਨਾਮ-ਧਨ ਵੱਸਦਾ ਹੈ, ਜਿਸ ਮਨੁੱਖ ਨੂੰ ਪਰਮਾਤਮਾ ਨਾਮ-ਧਨ ਦੀ ਦਾਤਿ ਮਿਹਰ ਕਰ ਕੇ ਦੇਂਦਾ ਹੈ, ਉਹ ਆਪਣਾ ਹਰੇਕ ਦੁੱਖ ਦੂਰ ਕਰ ਕੇ (ਆਤਮਕ) ਗਰੀਬੀ ਮੁਕਾ ਕੇ ਨਾਮ ਵਿਚ ਲੀਨ ਰਹਿੰਦਾ ਹੈ।8।5।